ਸਾਰਗ ਮਹਲਾ ੫ ॥ ਤਾ ਤੇ ਕਰਣ ਪਲਾਹ ਕਰੇ ॥ ਮਹਾ ਬਿਕਾਰ ਮੋਹ ਮਦ ਮਾਤੌ ਸਿਮਰਤ ਨਾਹਿ ਹਰੇ ॥੧॥ ਰਹਾਉ ॥ ਸਾਧਸੰਗਿ ਜਪਤੇ ਨਾਰਾਇਣ ਤਿਨ ਕੇ ਦੋਖ ਜਰੇ ॥ ਸਫਲ ਦੇਹ ਧੰਨਿ ਓਇ ਜਨਮੇ ਪ੍ਰਭ ਕੈ ਸੰਗਿ ਰਲੇ ॥੧॥ ਚਾਰਿ ਪਦਾਰਥ ਅਸਟ ਦਸਾ ਸਿਧਿ ਸਭ ਊਪਰਿ ਸਾਧ ਭਲੇ ॥ ਨਾਨਕ ਦਾਸ ਧੂਰਿ ਜਨ ਬਾਂਛੈ ਉਧਰਹਿ ਲਾਗਿ ਪਲੇ ॥੨॥੯੭॥੧੨੦॥ {ਪੰਨਾ 1227}

ਪਦਅਰਥ:- ਤਾ ਤੇ—ਤਾਂ ਤੇ, ਇਸ ਵਾਸਤੇ। ਕਰਣ ਪਲਾਹ—{k{xw pRlwp} ਤਰਸ-ਭਰੇ ਕੀਰਨੇ, ਤਰਲੇ। ਕਰੇ—ਕਰਦਾ ਹੈ। ਮਦ—ਹਉਮੈ। ਮਾਤੌ—ਮਸਤ।1। ਰਹਾਉ।

ਸਾਧ ਸੰਗਿ—ਸਾਧ ਸੰਗਤਿ ਵਿਚ। ਦੋਖ—ਪਾਪ। ਜਰੇ—ਸੜ ਜਾਂਦੇ ਹਨ। ਦੇਹ—ਸਰੀਰ। ਓਇ—{ਲਫ਼ਜ਼ 'ਓਹ' ਤੋਂ ਬਹੁ-ਵਚਨ} ਧੰਨਿ—ਭਾਗਾਂ ਵਾਲੇ। ਕੈ ਸੰਗਿ—ਦੇ ਨਾਲ।1।

ਚਾਰਿ ਪਦਾਰਥ—ਧਰਮ ਅਰਥ ਕਾਮ ਮੋਖ। ਅਸਟ ਦਸਾ—ਅਠਾਰਾਂ। ਸਿਧਿ—ਸਿੱਧੀਆਂ। ਭਲੇ—ਗੁਰਮੁਖ। ਧੂਰਿ—ਚਰਨਾਂ ਦੀ ਧੂੜ। ਬਾਂਛੈ—ਮੰਗਦਾ ਹੈ। ਉਧਰਹਿ—ਪਾਰ ਲੰਘ ਜਾਂਦੇ ਹਨ। ਲਾਗਿ—ਲੱਗ ਕੇ। ਪਲੇ—ਪੱਲੇ।2।

ਅਰਥ:- ਹੇ ਭਾਈ! ਮਨੁੱਖ ਮੋਹ ਹਉਮੈ (ਆਦਿਕ) ਵੱਡੇ ਵੱਡੇ ਵਿਕਾਰਾਂ ਵਿਚ ਮਗਨ ਰਹਿੰਦਾ ਹੈ, ਪਰਮਾਤਮਾ ਦਾ ਨਾਮ ਨਹੀਂ ਸਿਮਰਦਾ, ਇਸ ਵਾਸਤੇ (ਸਦਾ) ਤਰਸ-ਭਰੇ ਕੀਰਨੇ ਕਰਦਾ ਰਹਿੰਦਾ ਹੈ।1। ਰਹਾਉ।

ਹੇ ਭਾਈ! ਜਿਹੜੇ ਮਨੁੱਖ ਸਾਧ ਸੰਗਤਿ ਵਿਚ (ਟਿਕ ਕੇ) ਪਰਮਾਤਮਾ ਦਾ ਨਾਮ ਜਪਦੇ ਰਹਿੰਦੇ ਹਨ, ਉਹਨਾਂ ਦੇ (ਅੰਦਰੋਂ ਸਾਰੇ) ਪਾਪ ਸੜ ਜਾਂਦੇ ਹਨ। ਜਿਹੜੇ ਮਨੁੱਖ ਪ੍ਰਭੂ ਦੇ ਨਾਲ (ਦੇ ਚਰਨਾਂ ਵਿਚ) ਜੁੜੇ ਰਹਿੰਦੇ ਹਨ, ਉਹ ਭਾਗਾਂ ਵਾਲੇ ਹਨ, ਉਹਨਾਂ ਦਾ ਜਨਮ ਉਹਨਾਂ ਦਾ ਸਰੀਰ ਸਫਲ ਹੋ ਜਾਂਦਾ ਹੈ।1।

ਹੇ ਭਾਈ! (ਧਰਮ, ਅਰਥ, ਕਾਮ, ਮੋਖ—ਇਹ) ਚਾਰ ਪਦਾਰਥ ਅਤੇ ਅਠਾਰਾਂ ਸਿੱਧੀਆਂ (ਲੋਕ ਇਹਨਾਂ ਦੀ ਖ਼ਾਤਰ ਤਰਲੇ ਲੈਂਦੇ ਹਨ, ਪਰ ਇਹਨਾਂ) ਸਭਨਾਂ ਤੋਂ ਸੰਤ ਜਨ ਸ੍ਰੇਸ਼ਟ ਹਨ। ਦਾਸ ਨਾਨਕ ਤਾਂ ਸੰਤ ਜਨਾਂ ਦੇ ਚਰਨਾਂ ਦੀ ਧੂੜ (ਨਿੱਤ) ਮੰਗਦਾ ਹੈ। (ਸੰਤ ਜਨਾਂ ਦੇ) ਲੜ ਲੱਗ ਕੇ (ਅਨੇਕਾਂ ਜੀਵ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ।2।97। 120।